# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :25-04-2026**

- ਰਸਾਇਣ ਤੇ ਖਾਦ ਮੰਤਰਾਲੇ ਨੇ ਕਿਹਾ ਏ ਕਿ ਦੇਸ਼ ਵਿੱਚ ਸਾਰੀਆਂ ਖਾਦਾਂ ਦੀ ਉਪਲਬਧਤਾ ਸਥਿਰ, ਢੁੱਕਵੀਂ ਅਤੇ ਜ਼ਰੂਰਤ ਤੋਂ ਵੱਧ ਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਉਂਦੀ ਮਾਨਸੂਨ ਰੁਤ ਦੇ ਮੱਦੇਨਜ਼ਰ, ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਸੁਰੱਖਿਆ ਦੇ ਸਾਰੇ ਕੰਮ ਸਮੇਂ ਸਿਰ ਪੂਰੇ ਕਰਨ ਦੇ ਹੁਕਮ ਦਿੱਤੇ ਨੇ.
- ਸੂਬੇ ਵਿੱਚ ਫਸਲੀ ਭਿੰਨਤਾ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪ੍ਰਮਾਣਿਤ ਕਪਾਹ ਦੇ ਬੀਜਾਂ 'ਤੇ 33 ਫੀਸਦ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ ।

- ਪੰਜਾਬ ਕੈਬਿਨੇਟ ਦੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਏ ਕਿ ਸੂਬੇ 'ਚ ਕਣਕ ਦੀ ਚੁਕਾਈ ਕਾਫੀ ਤੇਜ਼ੀ ਦੇਖਣ ਨੂੰ ਮਿਲ ਰਹੀ ਏ।
- ਮੌਸਮ ਵਿਭਾਗ ਨੇ ਕਿਹੈ ਕਿ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਦਿੱਲੀ ਸਮੇਤ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਅਗਲੇ 7 ਦਿਨਾਂ ਤਕ ਲੂ ਦੀ ਸਥਿਤੀ ਜਾਰੀ ਰਹਿ ਸਕਦੀ ਏ।

--------------------------------------------------

ਰਸਾਇਣ ਅਤੇ ਖਾਦ ਮੰਤਰਾਲੇ ਨੇ ਕਿਹਾ ਏ ਕਿ ਸਰਕਾਰ ਦੇ ਸਰਗਰਮ ਯਤਨਾਂ ਦੇ ਕਾਰਨ, ਦੇਸ਼ ਵਿੱਚ ਸਾਰੀਆਂ ਖਾਦਾਂ ਦੀ ਉਪਲਬਧਤਾ ਸਥਿਰ, ਢੁੱਕਵੀਂ ਅਤੇ ਜ਼ਰੂਰਤ ਤੋਂ ਵੱਧ ਏ। ਮੰਤਰਾਲੇ ਦੇ ਅਨੁਸਾਰ, ਖਾਦ ਦੀ ਘਾਟ ਬਾਰੇ ਹਾਲੀਆ ਦਾਅਵੇ ਤੱਥਾਂ 'ਤੇ ਅਧਾਰਤ ਨਹੀਂ ਨੇ. ਮੌਜੂਦਾ ਮਾਲੀ ਸਾਲ ਦੇ ਪਹਿਲੀ ਤੋਂ 23 ਅਪ੍ਰੈਲ ਤੱਕ ਦੇ ਸਮੇਂ ਵਿੱਚ ਵੀ, ਯੂਰੀਆ ਦੀ ਉਪਲਬਧਤਾ 18.17 ਲੱਖ ਮੀਟ੍ਰਿਕ ਟਨ ਦੀ ਜ਼ਰੂਰਤ ਦੇ ਮੁਕਾਬਲੇ 69.33 ਲੱਖ ਮੀਟ੍ਰਿਕ ਟਨ ਏ, ਅਤੇ ਡੀਏਪੀ ਦੀ ਉਪਲਬਧਤਾ 5.90 ਲੱਖ ਮੀਟ੍ਰਿਕ ਟਨ ਦੀ ਜ਼ਰੂਰਤ ਦੇ ਮੁਕਾਬਲੇ 22.78 ਲੱਖ ਮੀਟ੍ਰਿਕ ਟਨ ਏ।

--------------------------------------------------

ਆਉਂਦੀ ਮਾਨਸੂਨ ਰੁਤ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਸੁਰੱਖਿਆ ਦੇ ਸਾਰੇ ਕੰਮ ਸਮੇਂ ਸਿਰ ਪੂਰੇ ਕਰਨ ਦੇ ਹੁਕਮ ਦਿੱਤੇ ਅਤੇ ਅਧਿਕਾਰੀਆਂ ਨੂੰ ਕੁਤਾਹੀ ਲਈ ਨਿੱਜੀ ਜਵਾਬਦੇਹੀ ਦੀ ਚੇਤਾਵਨੀ ਦਿੱਤੀ। ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਨਾਲਿਆਂ ਅਤੇ ਹੜ੍ਹਾਂ ਵਾਲੀਆਂ ਸੰਭਾਵੀ ਥਾਵਾਂ ਤੋਂ ਤੁਰੰਤ ਗਾਰ ਕੱਢਣ, ਪ੍ਰਦੂਸ਼ਣ ਵਿਰੋਧੀ ਉਪਾਵਾਂ ਨੂੰ ਤੇਜ਼ ਕਰਨ ਅਤੇ ਬੁਨਿਆਦੀ ਢਾਂਚੇ ਦੇ ਬਕਾਇਆ ਪਏ ਪ੍ਰਾਜੈਕਟਾਂ ਨੂੰ ਅੱਗੇ ਵਧਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਬਾਰਿਸ਼ ਤੋਂ ਪਹਿਲਾਂ ਹੀ ਸਾਰੇ ਪ੍ਰਬੰਧ ਮੁਕੰਮਲ ਹੋਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾਂ ਦੇ ਨਾਲ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੀ ਸਨ, ਨੇ ਪੰਜਾਬ ਭਰ ਵਿੱਚ ਹੜ੍ਹ ਸੁਰੱਖਿਆ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਮਾਸਟਰ ਪਲਾਨ ਲਾਗੂ ਕਰਨ ਦੀ ਵਕਾਲਤ ਕੀਤੀ। ਉਨ੍ਹਾਂ ਕਿਹਾ ਕਿ "ਡਰੇਨਾਂ ਅਤੇ ਦਰਿਆਵਾਂ ਦੀ ਯੋਜਨਾ ਸਿੰਜਾਈ ਵਿਭਾਗ ਦੇ ਇੰਜਨੀਅਰਾਂ ਨਾਲ ਤਾਲਮੇਲ ਕਰਕੇ ਤਿਆਰ ਕੀਤੀ ਜਾਣੀ ਚਾਹੀਦੀ ਏ ਤਾਂ ਜੋ ਹੜ੍ਹ ਸੁਰੱਖਿਆ ਕਾਰਜਾਂ ਦੀ ਨਿਯਮਤ ਤੌਰ 'ਤੇ ਡੀ-ਸਿਲਟਿੰਗ, ਸਫ਼ਾਈ ਅਤੇ ਮਜ਼ਬੂਤੀ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਜ਼ੋਰ ਦੇ ਕੇ ਕਿਹਾ, "ਇਹ ਮਾਨਸੂਨ ਦੇ ਮੌਸਮ ਦੌਰਾਨ ਲੋਕਾਂ ਨੂੰ ਹੜ੍ਹਾਂ ਦੇ ਕਹਿਰ ਤੋਂ ਬਚਾਉਣ ਵਿੱਚ ਮਦਦਗਾਰ ਹੋਵੇਗਾ ਅਤੇ ਹਰੇਕ ਅਧਿਕਾਰੀ

ਇਸ ਕੰਮ ਲਈ ਨਿੱਜੀ ਤੌਰ 'ਤੇ ਜਵਾਬਦੇਹ ਹੋਵੇਗਾ। ਬੁੱਢੇ ਨਾਲੇ ਦੀ ਸਫਾਈ ਬਾਰੇ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ "ਪਵਿੱਤਰ ਬੁੱਢੇ ਦਰਿਆ ਦੇ ਪਾਣੀ ਨੂੰ ਲੁਧਿਆਣਾ ਸ਼ਹਿਰ ਦੇ ਸ਼ੁਰੂਆਤੀ ਬਿੰਦੂ ਤੱਕ ਸਾਫ਼ ਕਰ ਦਿੱਤਾ ਗਿਆ ਏ ਅਤੇ ਇਸ ਬਿੰਦੂ ਤੋਂ ਅੱਗੇ ਸਫ਼ਾਈ ਦਾ ਕੰਮ ਜਾਰੀ ਏ। ਬੁਨਿਆਦੀ ਢਾਂਚੇ ਦੇ ਰਹਿੰਦੇ ਕੰਮਾਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਕਿਹਾ, ਕਿ "ਹੇਬੋਵਾਲ ਵਿਖੇ ਸੀ.ਬੀ.ਜੀ. ਪਲਾਂਟ ਨੂੰ ਜਲਦੀ ਚਾਲੂ ਕੀਤਾ ਜਾਣਾ ਚਾਹੀਦਾ ਏ। ਸਨਅਤੀ ਗੰਦੇ ਪਾਣੀ ਨੂੰ ਸਹੀ ਢੰਗ ਨਾਲ ਸਾਫ਼ ਕੀਤਾ ਜਾਣਾ ਚਾਹੀਦਾ ਏ ਅਤੇ ਇਸ ਸਬੰਧ ਵਿੱਚ ਪ੍ਰਦੂਸ਼ਣ ਬੋਰਡ ਵਲੋਂ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।

------------------------------------------------------------

ਸੂਬੇ ਵਿੱਚ ਫਸਲੀ ਭਿੰਨਤਾ ਨੂੰ ਹੁਲਾਰਾ ਦੇਣ ਅਤੇ ਨਰਮੇ ਅਧੀਨ ਰਕਬੇ ਨੂੰ ਹੋਰ ਵਧਾਉਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ), ਲੁਧਿਆਣਾ ਵੱਲੋਂ ਪ੍ਰਮਾਣਿਤ ਬੀਟੀ ਕਾਟਨ ਹਾਈਬ੍ਰਿਡ ਅਤੇ ਦੇਸੀ ਕਪਾਹ ਦੇ ਬੀਜਾਂ 'ਤੇ 33 ਫੀਸਦ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ

ਸਰਕਾਰ ਵੱਲੋਂ 87 ਪ੍ਰਵਾਨਿਤ ਬੀਟੀ ਕਾਟਨ ਹਾਈਬ੍ਰਿਡ ਅਤੇ ਦੇਸੀ ਕਪਾਹ ਦੀਆਂ ਚਾਰ ਕਿਸਮਾਂ - ਐਲ.ਡੀ.1019, ਐਲ.ਡੀ.949, ਐਫ.ਡੀ.ਕੇ.124 ਅਤੇ ਪੀ.ਬੀ.ਡੀ.88 ਵਿੱਚੋਂ ਕਿਸੇ ਵੀ ਕਿਸਮ ਦੀ ਚੋਣ ਕਰਨ ਵਾਲੇ ਕਿਸਾਨਾਂ ਲਈ ਬੀਜ ਲਾਗਤ ਦਾ ਲਗਭਗ ਇੱਕ ਤਿਹਾਈ ਹਿੱਸੇ ਦੀ ਲਾਗਤ ਦੀ ਸਬਸਿਡੀ ਦਿੱਤੀ ਜਾਵੇਗੀ। ਖੁੱਡੀਆਂ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਇਸ ਸਬਸਿਡੀ ਮਾਡਲ ਨੂੰ ਭਰਵਾਂ ਹੁੰਗਾਰਾ ਦਿੱਤਾ ਏ । ਉਨ੍ਹਾਂ ਕਿਹਾ ਕਿ ਅਸੀਂ ਸਾਉਣੀ 2026 ਲਈ 1.25 ਲੱਖ ਹੈਕਟੇਅਰ ਨੂੰ ਨਰਮੇ ਦੀ ਕਾਸ਼ਤ ਹੇਠ ਲਿਆਉਣ ਦਾ ਟੀਚਾ ਰੱਖਿਆ ਏ. ਕਪਾਹ ਨੂੰ "ਚਿੱਟਾ ਸੋਨਾ" ਕਰਾਰ ਦਿੰਦਿਆਂ ਖੇਤੀਬਾੜੀ ਮੰਤਰੀ ਨੇ ਕਿਸਾਨਾਂ ਨੂੰ ਪਾਣੀ ਦੀ ਜ਼ਿਆਦਾ ਖਪਤ ਕਰਨ ਵਾਲੇ ਝੋਨੇ ਦੀ ਥਾਂ ਹੋਰ ਫਸਲਾਂ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਸਬਸਿਡੀ ਦਾ ਲਾਭ ਲੈਣ ਲਈ ਆਨਲਾਈਨ ਐਪਲੀਕੇਸ਼ਨ ਪੋਰਟਲ 20 ਅਪ੍ਰੈਲ ਤੋਂ ਖੋਲ੍ਹਿਆ ਗਿਆ ਏ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਰਜਿਸਟਰਡ ਡੀਲਰਾਂ ਤੋਂ ਪ੍ਰਮਾਣਿਤ ਬੀਜ ਖਰੀਦਣ ਅਤੇ ਅਰਜ਼ੀਆਂ ਜਮ੍ਹਾਂ ਕਰਨ ਸਮੇਂ ਪੱਕੇ ਬਿੱਲ ਅਪਲੋਡ ਕਰਨ। ਤਸਦੀਕ ਉਪਰੰਤ 33 ਫ਼ੀਸਦ ਸਬਸਿਡੀ ਸਿੱਧੇ ਲਾਭਪਾਤਰੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਭੇਜ ਦਿੱਤੀ ਜਾਵੇਗੀ । ਇਹ ਪਹਿਲ ਕਿਸਾਨਾਂ ਨੂੰ ਮਾਲੀ ਰਾਹਤ ਦੇ ਨਾਲ ਨਾਲ ਹੋਰ ਲਾਭ ਵੀ

ਪ੍ਰਦਾਨ ਕਰੇਗੀ। ਇਹ ਕਿਸਾਨਾਂ ਨੂੰ ਵਿਗਿਆਨਕ ਤੌਰ 'ਤੇ ਸਿਫ਼ਾਰਸ਼ ਕੀਤੀਆਂ, ਉੱਚ ਉਤਪਾਦਨ ਵਾਲੀਆਂ ਨਰਮੇ ਤੇ ਕਪਾਹ ਦੀਆਂ ਕਿਸਮਾਂ ਅਪਣਾਉਣ ਲਈ ਉਤਸ਼ਾਹਿਤ ਕਰੇਗੀ।

---------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਏ ਕਿ ਸੂਬੇ ‘ਚ ਕਣਕ ਦੀ ਚੁਕਾਈ ‘ਚ ਕਾਫੀ ਤੇਜ਼ੀ ਦੇਖਣ ਨੂੰ ਮਿਲ ਰਹੀ ਏ। ਓਹਨਾਂ ਦੱਸਿਆ ਕਿ ਸੂਬਾ ਸਰਕਾਰ ਸਮੁੱਚੀ ਫ਼ਸਲ ਦੀ ਖਰੀਦ ਅਤੇ ਕਿਸਾਨਾਂ ਨੂੰ ਭੁਗਤਾਨ ਕਰਨ ਲਈ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣਾ ਯਕੀਨੀ ਬਣਾ ਰਹੀ ਏ। ਹੁਣ ਤੱਕ 4, ਲਖ 90 ਹਜ਼ਾਰ ਤੋਂ ਵਧ ਕਿਸਾਨਾਂ ਨੂੰ 15 ਹਜ਼ਾਰ 871 ਕਰੋੜ ਰੁਪਏ ਤੋਂ ਵਧ ਦੀ ਅਦਾਇਗੀ ਕੀਤੀ ਜਾ ਚੁੱਕੀ ਏ । ਆਮਦ ਦੇ ਸਬੰਧ ਵਿੱਚ, ਸੂਬੇ ਭਰ ਦੀਆਂ ਮੰਡੀਆਂ ਵਿੱਚ 87 ਲਖ 89 ਹਜ਼ਾਰ ਮੀਟਰਕ ਟਨ ਤੋਂ ਵਧ ਕਣਕ ਪਹੁੰਚ ਚੁੱਕੀ ਏ ਜਿਸ ਵਿੱਚੋਂ ਕੱਲ੍ਹ ਦੇਰ ਸ਼ਾਮ ਤੱਕ 83 ਲਖ 94 ਹਜ਼ਾਰ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਏ. ਖਰੀਦ ਦੇ ਮਾਮਲੇ ਵਿੱਚ ਜ਼ਿਲ੍ਹਾ ਪਟਿਆਲਾ ਮੋਹਰੀ ਏ ਜਿੱਥੇ ਕੁੱਲ 7 ਲਖ 83 ਹਜ਼ਾਰ ਮੀਟਰਕ ਟਨ ਤੋਂ ਵਧ ਕਣਕ ਖਰੀਦੀ ਗਈ ਏ । ਸੰਗਰੂਰ ਜ਼ਿਲ੍ਹਾ ਹੁਣ ਤੱਕ 7 ਲਖ 24 ਹਜ਼ਾਰ ਮੀਟਰਕ ਟਨ ਤੋਂ ਵਧ ਕਣਕ ਦੀ ਖਰੀਦ ਨਾਲ

ਦੂਜੇ ਜਦੋਂ ਕਿ ਫਿਰੋਜ਼ਪੁਰ 5 ਲਖ 95 ਹਜ਼ਾਰ ਮੀਟਰਕ ਟਨ ਤੋਂ ਵਧ ਕਣਕ ਦੀ ਖਰੀਦ ਨਾਲ ਤੀਜੇ ਸਥਾਨ 'ਤੇ ਏ। ਵਿਭਾਗ ਵੱਲੋਂ 122 ਲੱਖ ਮੀਟਰਕ ਟਨ ਕਣਕ ਦੀ ਖਰੀਦ ਲਈ ਢੁਕਵੇਂ ਪ੍ਰਬੰਧ ਕਰਨ ਦੇ ਨਾਲ-ਨਾਲ ਮੰਡੀਆਂ ਵਿੱਚ ਸਫਾਈ ਅਤੇ ਪੀਣ ਵਾਲੇ ਸਾਫ਼ ਪਾਣੀ ਸਬੰਧੀ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਗਿਆ ਏ।

--------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਥਾਣਾ ਜੈਤੋ ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਸੀਨੀਅਰ ਕਾਂਸਟੇਬਲ ਵਿਕਰਮ ਸ਼ਰਮਾ ਨੂੰ 5 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਚੰਡੀਗੜ੍ਹ ਵਿਖੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਦੋਸ਼ੀ ਨੂੰ ਤਹਿਸੀਲ ਜੈਤੋ ਜ਼ਿਲ੍ਹਾ ਫਰੀਦਕੋਟ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ।

--------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਫਰੀਦਕੋਟ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਨਵਾਂ ਨੱਥੇਵਾਲਾ ਅਤੇ ਸਰਕਾਰੀ ਹਾਈ ਸਕੂਲ ਪਿੰਡ ਧੂੜਕੋਟ ਵਿਖੇ ਪੰਜਾਬ ਸਰਕਾਰ ਵੱਲੋਂ

ਉਲੀਕੇ ਗਏ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਕੂਲਾਂ ਦੇ ਵਿਕਾਸ ਲਈ ਲਗਭਗ 65 ਲੱਖ ਰੁਪਏ ਦੇ ਨਵੇਂ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਕਮਰਿਆਂ ਦੀ ਉਸਾਰੀ, ਬੁਨਿਆਦੀ ਢਾਂਚੇ ਦੀ ਮਜ਼ਬੂਤੀ ਅਤੇ ਵਿਦਿਆਰਥੀਆਂ ਲਈ ਆਧੁਨਿਕ ਸਹੂਲਤਾਂ ਦਾ ਪ੍ਰਬੰਧ ਸ਼ਾਮਲ ਏ । ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਇਤਿਹਾਸਕ ਬਦਲਾਅ ਲਿਆ ਰਹੀ ਏ ਅਤੇ ਸਰਕਾਰੀ ਸਕੂਲਾਂ ਨੂੰ ਨਿੱਜੀ ਸਕੂਲਾਂ ਦੇ ਬਰਾਬਰ ਲਿਆਂਦਾ ਜਾ ਰਿਹਾ ਏ ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 26 ਅਪ੍ਰੈਲ ਨੂੰ ਸਵੇਰੇ 11 ਵਜੇ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗ੍ਰਾਮ ਦਾ 133ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ

ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਦਿੱਲੀ ਸਮੇਤ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਲੂ ਚਲਣ ਦਾ YELLOW ਅਲਰਟ ਜਾਰੀ ਕੀਤਾ ਏ. ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਮੌਸਮ ਗਰਮ ਰਹੇਗਾ ।

---------------------------------------------------------

ਮੌਸਮ ਵਿਭਾਗ ਨੇ ਦੇਸ਼ ਦੇ ਕਈ ਹਿੱਸਿਆਂ ਵਿੱਚ ਤਾਪਮਾਨ ਵਧਣ ਅਤੇ ਆਮ ਨਾਲੋਂ ਵੱਧ ਰਹਿਣ ਦਰਮਿਆਨ ਲੂ ਚਲਣ ਪ੍ਰਤੀ ਸੇਧਾਂ ਅਤੇ ਸਲਾਹ ਜਾਰੀ ਕੀਤੀ ਏ. ਇਸ ਵਿੱਚ ਪਾਣੀ ਪੀਂਦੇ ਰਹਿਣਾ, ਤੇਜ਼ ਗਰਮੀ ਵਾਲੇ ਘੰਟਿਆਂ ਦੌਰਾਨ ਸਿੱਧੇ ਸੂਰਜ ਦੇ ਸੰਪਰਕ ਤੋਂ ਬਚਣਾ, ਹਲਕੇ ਰੰਗ ਦੇ ਕੱਪੜੇ ਪਹਿਨਣਾ ਅਤੇ ਬੱਚਿਆਂ, ਬਜ਼ੁਰਗਾਂ ਅਤੇ ਬਾਹਰ ਕੰਮ ਕਰਨ ਵਾਲੇ ਲੋਕਾਂ ਦਾ ਵਿਸ਼ੇਸ਼ ਧਿਆਨ ਰੱਖਣਾ ਸ਼ਾਮਲ ਏ । ਵਿਭਾਗ ਨੇ ਦੱਸਿਆ ਏ ਕਿ ਅਗਲੇ 7 ਦਿਨਾਂ ਦੌਰਾਨ ਉੱਤਰੀ ਭਾਰਤ ਖਾਸ ਕਰਕੇ

ਪੰਜਾਬ, ਹਰਿਆਣਾ, ਤੇ ਦਿੱਲੀ, ਸਮੇਤ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਲੂ ਦੀ ਸਥਿਤੀ ਜਾਰੀ ਰਹਿਣ ਦੀ ਸੰਭਾਵਨਾ ਏ.

---------------------------------------------------------------

IPL ਕ੍ਰਿਕੇਟ ਵਿੱਚ, ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋ ਰਿਹਾ ਏ। ਪਹਿਲਾਂ ਬੱਲੇਬਾਜ਼ੀ ਕਰਦਿਆਂ, ਦਿੱਲੀ ਕੈਪੀਟਲਜ਼ ਨੇ ਪੰਜਾਬ ਕਿੰਗਜ਼ ਸਾਹਮਣੇ ਜਿੱਤ ਲਈ, 265 ਦੌੜਾਂ ਦਾ ਟੀਚਾ ਰੱਖਿਆ ਏ। ਤਾਜ਼ਾ ਖਬਰਾਂ ਮਿਲਣ ਸਮੇਂ ਤੱਕ ਪੰਜਾਬ ਕਿੰਗਜ਼ ਨੇ 5 ਓਵਰਾਂ ਵਿੱਚ ਬਿਨਾ ਕਿਸੇ ਨੁਕਸਾਨ ਦੇ 100 ਦੌੜਾਂ ਬਣਾ ਲਈਆਂ ਸਨ।

---------------------------------------------------------------

- ਰਸਾਇਣ ਤੇ ਖਾਦ ਮੰਤਰਾਲੇ ਨੇ ਕਿਹਾ ਏ ਕਿ ਦੇਸ਼ ਵਿੱਚ ਸਾਰੀਆਂ ਖਾਦਾਂ ਦੀ ਉਪਲਬਧਤਾ ਸਥਿਰ, ਢੁੱਕਵੀਂ ਅਤੇ ਜ਼ਰੂਰਤ ਤੋਂ ਵੱਧ ਏ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਉਂਦੀ ਮਾਨਸੂਨ ਰੁਤ ਦੇ ਮੱਦੇਨਜ਼ਰ, ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਸੁਰੱਖਿਆ ਦੇ ਸਾਰੇ ਕੰਮ ਸਮੇਂ ਸਿਰ ਪੂਰੇ ਕਰਨ ਦੇ ਹੁਕਮ ਦਿੱਤੇ ਨੇ.

- ਸੂਬੇ ਵਿੱਚ ਫਸਲੀ ਭਿੰਨਤਾ ਨੂੰ ਹੁਲਾਰਾ ਦੇਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪ੍ਰਮਾਣਿਤ ਕਪਾਹ ਦੇ ਬੀਜਾਂ 'ਤੇ 33 ਫੀਸਦ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ।
- ਪੰਜਾਬ ਕੈਬਿਨੇਟ ਦੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਏ ਕਿ ਸੂਬੇ ‘ਚ ਕਣਕ ਦੀ ਚੁਕਾਈ ਕਾਫੀ ਤੇਜ਼ੀ ਦੇਖਣ ਨੂੰ ਮਿਲ ਰਹੀ ਏ।
- ਮੌਸਮ ਵਿਭਾਗ ਨੇ ਕਿਹੈ ਕਿ ਪੰਜਾਬ, ਹਰਿਆਣਾ, ਚੰਡੀਗੜ੍ਹ, ਤੇ ਦਿੱਲੀ ਸਮੇਤ ਉੱਤਰੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਅਗਲੇ 7 ਦਿਨਾਂ ਤਕ ਲੂ ਦੀ ਸਥਿਤੀ ਜਾਰੀ ਰਹਿ ਸਕਦੀ ਏ।